03-JAN-Page-MNS.qxd 1/3/2022 11:50 PM Page 1

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਾਨਸਾ ਦੇ ਮੁੱਖ ਗੇਟ ਅੱਗੇ ਲਗਾਏ ਧਰਨੇ ਨੂੰ ਸੰਬੋਧਨ ਕਰਦੀ ਹੋਈ ਔਰਤ ਆਗੂ ਤੇ ਇੱਕ ਪਿੰਡ 'ਚ ਪ੍ਰਧਾਨ ਮੰਤਰੀ ਦਾ ਪੁਤਲਾ ਸਾੜਦੇ ਹੋਏ ਕਿਸਾਨ। ਤਸਵੀਰ : ਸੋਮੀ ਮਾਨਸਾ

ਭਾਕਿਯੂ (ਉਗਰਾਹਾਂ) ਦੀ ਅਗਵਾਈ 'ਚ ਕਿਸਾਨਾਂ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦਾ ਘਿਰਾਓ ਜਾਰੀ

ਮਾਨਸਾ, 3 ਜਨਵਰੀ (ਬਲਵਿੰਦਰ ਸਿੰਘ ਧਾਲੀਵਾਲ)-ਪੰਜਾਬ ਸਰਕਾਰ ਵਲੋਂ ਕਿਸਾਨਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨਣ ਦੇ ਰੋਸ 'ਚ ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੀ ਅਗਵਾਈ 'ਚ ਕਿਸਾਨਾਂ ਵਲੋਂ 15ਵੇਂ ਦਿਨ ਵੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦਾ ਘਿਰਾਓ ਜਾਰੀ ਰੱਖਿਆ ਹੋਇਆ ਹੈ। ਰੋਹ 'ਚ ਆਏ ਕਿਸਾਨ ਪਿਛਲੇ 5 ਦਿਨਾਂ ਤੋਂ ਕੰਪਲੈਕਸ ਦੇ ਮੁੱਖ ਗੇਟ ਅੱਗੇ ਡਟੇ ਹੋਏ ਹਨ ਤੇ ਅਧਿਕਾਰੀਆਂ ਦੀਆਂ ਗੱਡੀਆਂ ਆਦਿ ਵੀ ਅੰਦਰ ਨਹੀਂ ਜਾਣ ਦਿੱਤੀਆਂ ਜਾ ਰਹੀਆਂ। ਕੜਾਕੇ ਦੀ ਠੰਡ ਦੇ ਬਾਵਜੂਦ ਅੱਜ ਧਰਨਾਕਾਰੀਆਂ 'ਚ ਔਰਤਾਂ ਵੱਡੀ ਗਿਣਤੀ 'ਚ ਸ਼ਾਮਿਲ ਹੋਈਆਂ। ਸੰਬੋਧਨ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀਬਾਘਾ ਤੇ ਔਰਤ ਆਗੂ ਰਾਣੀ ਕੌਰ ਭੰਮੇ, ਰਾਜਵੀਰ ਕੌਰ ਦੋਦੜਾ ਨੇ ਕਿਹਾ ਕਿ ਚੰਨੀ ਸਰਕਾਰ ਵਲੋਂ ਮੰਨੀਆਂ ਹੋਈਆਂ ਮੰਗਾਂ ਮਨਵਾਉਣ ਲਈ ਅੰਦੋਲਨ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਨਰਮੇ ਦੇ ਖਰਾਬੇ ਦਾ ਮੁਆਵਜ਼ਾ ਵਾਅਦੇ ਮੁਤਾਬਕ 17 ਹਜ਼ਾਰ ਰੁਪਏ ਪ੍ਰਤੀ ਏਕੜ ਤੁਰੰਤ ਦਿੱਤਾ ਜਾਵੇ, ਮਜ਼ਦੂਰ ਪਰਿਵਾਰਾਂ ਨੂੰ ਵੀ ਨਰਮੇ ਦੀ ਚੁਗਾਈ ਵੱਖਰੇ ਤੌਰ 'ਤੇ ਦਿੱਤੀ ਜਾਵੇ ਅਤੇ ਮੁਆਵਜ਼ਾ ਦੇਣ ਵੇਲੇ ਪੰਜ ਏਕੜ ਵਾਲੀ ਸ਼ਰਤ ਖ਼ਤਮ ਕਰਨ ਦੇ ਨਾਲ ਹੀ ਹੋਰ ਮੰਗਾਂ ਮੰਨੀਆਂ ਜਾਣ। ਉਨ੍ਹਾਂ ਦੋਸ਼ ਲਗਾਇਆ ਕਿ ਮੁੱਖ ਮੰਤਰੀ ਵਾਰ-ਵਾਰ ਕਿਸਾਨਾਂ ਨਾਲ ਮੀਟਿੰਗ ਕਰਨ ਤੋਂ ਕੰਨੀ ਕਤਰਾਅ ਰਹੇ ਹਨ। ਉਨ੍ਹਾਂ ਐਲਾਨ ਕੀਤਾ ਕਿ ਮੰਗਾਂ ਮੰਨਣ ਤੱਕ ਮੋਰਚਾ ਜਾਰੀ ਰਹੇਗਾ। ਧਰਨੇ ਨੂੰ ਉੱਤਮ ਸਿੰਘ ਰਾਮਾਂਨੰਦੀ, ਜਗਦੇਵ ਸਿੰਘ, ਜਗਸੀਰ ਸਿੰਘ ਜਵਾਹਰਕੇ ਨੇ ਵੀ ਸੰਬੋਧਨ ਕੀਤਾ।

48 ਪਿੰਡਾਂ 'ਚ ਪ੍ਰਧਾਨ ਮੰਤਰੀ ਦੀਆਂ ਅਰਥੀਆਂ ਸਾੜੀਆਂ

ਪ੍ਰਧਾਨ ਮੰਤਰੀ ਦੇ ਪੁਤਲੇ ਸਾੜੇ

ਇਸੇ ਦੌਰਾਨ ਜਥੇਬੰਦੀ ਵਲੋਂ 5 ਜਨਵਰੀ ਨੂੰ ਫਿਰੋਜ਼ਪੁਰ ਵਿਖੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਮਦ ਦੇ ਖ਼ਿਲਾਫ਼ 'ਚ ਉਨ੍ਹਾਂ ਦੇ ਪੁਤਲੇ ਸਾੜਨ ਦੀ ਮੁਹਿੰਮ ਸ਼ੁਰੂ ਕੀਤੀ ਹੋਈ ਹੈ। ਅੱਜ ਦੂਸਰੇ ਦਿਨ 48 ਪਿੰਡਾਂ 'ਚ ਪ੍ਰਧਾਨ ਮੰਤਰੀ ਦੀਆਂ ਅਰਥੀਆਂ ਸਾੜੀਆਂ ਗਈਆਂ। ਜਥੇਬੰਦੀ ਦੇ ਬੁਲਾਰੇ ਨੇ ਦੱਸਿਆ ਕਿ ਪੰਜ ਜਨਵਰੀ ਨੂੰ ਜਿਲ੍ਹਾ ਹੈੱਡਕੁਆਟਰਾਂ ਵਿਖੇ ਚੱਲ ਰਹੇ ਮੋਰਚਿਆਂ ਵਿੱਚ ਵੱਡੇ ਇਕੱਠ ਕਰਕੇ ਮੋਦੀ ਦੇ ਪੁਤਲੇ ਫੂਕ ਕੇ ਪੰਜਾਬ ਫੇਰੀ ਦਾ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ। ਜਥੇਬੰਦੀ ਦਾ ਕਹਿਣਾ ਹੈ ਕਿ ਕੇਂਦਰ ਸਰਕਾਰ ਨੇ ਭਾਵੇਂ ਖੇਤੀ ਕਾਨੂੰਨ ਤਾਂ ਵਾਪਸ ਲੈ ਲਏ ਸਨ ਪਰ ਹੋਰ ਮੰਗਾਂ ਨਹੀਂ ਮੰਨੀਆਂ ਜਾ ਰਹੀਆਂ।

ਸਵਿੱਤਰੀ ਬਾਈ ਫੂਲੇ ਦੀ ਯਾਦ 'ਚ ਵਿਚਾਰ ਚਰਚਾ ਕਰਵਾਈ

ਮਾਨਸਾ, 3 ਜਨਵਰੀ (ਸਟਾਫ਼ ਰਿਪੋਰਟਰ)-ਸਰਕਾਰੀ ਪ੍ਰਾਇਮਰੀ ਸਕੂਲ ਸੱਦਾ ਸਿੰਘ ਵਾਲ੍ਹਾ ਵਿਖੇ ਸਵਿੱਤਰੀ ਬਾਈ ਫੂਲੇ ਯਾਦਗਾਰੀ ਮੰਚ ਵਲੋਂ ਦੇਸ਼ ਦੀ ਪਹਿਲੀ ਇਸਤਰੀ ਅਧਿਆਪਕਾ ਸਵਿੱਤਰੀ ਬਾਈ ਫੂਲੇ ਦੇ ਜਨਮ ਦਿਵਸ 'ਤੇ ਚੌਥੀ ਸਾਲਾਨਾ ਵਿਚਾਰ ਚਰਚਾ ਕਰਵਾਈ ਗਈ। ਸਮਾਜਿਕ ਕਾਰਕੁਨ ਸੀਮਾ ਆਜ਼ਾਦ ਨੇ ਉਨ੍ਹਾਂ ਦੇ ਜੀਵਨ ਦੀਆਂ ਚੁਣੌਤੀਆਂ ਤੇ ਸਮਾਜ ਨੂੰ ਸਿੱਖਿਆ ਦੇ ਖੇਤਰ ਵਿਚ ਉਨ੍ਹਾਂ ਦੀ ਮਹਾਨ ਦੇਣ ਬਾਰੇ ਦੱਸਦਿਆਂ ਤੇ ਮੋਦੀ ਸਰਕਾਰ ਵਲੋਂ ਲਿਆਂਦੀ ਨਵੀਂ ਸਿੱਖਿਆ ਨੀਤੀ ਦੇ ਤਬਾਹਕੁਨ ਤੇ ਮਨੂੰਵਾਦੀ ਚਰਿੱਤਰ ਨੂੰ ਉਜਾਗਰ ਕੀਤਾ। ਪ੍ਰਸਿੱਧ ਪੰਜਾਬੀ ਕਵੀ ਅਤੇ ਸਮਾਜਿਕ ਕਾਰਕੁਨ ਦਰਸ਼ਨ ਖਟਕੜ ਨੇ ਕਿਸਾਨ ਅੰਦੋਲਨ ਦੀਆਂ ਪ੍ਰਾਪਤੀਆਂ 'ਤੇ ਗੱਲ ਕਰਦਿਆਂ ਸਵਿੱਤਰੀ ਬਾਈ ਫੂਲੇ ਦੀ ਵਿਰਾਸਤ ਨੂੰ ਸੰਭਾਲਣ ਅਤੇ ਅੱਗੇ ਲੈ ਕੇ ਜਾਣ ਦਾ ਸੁਨੇਹਾ ਦਿੱਤਾ। ਸਿਮਰਨ ਕ੍ਰਾਂਤੀ ਵਲੋਂ ਉਨ੍ਹਾਂ ਜੀਵਨ 'ਤੇ ਆਧਾਰਿਤ ਸੋਲੋ ਨਾਟਕ ਪੇਸ਼ ਕੀਤਾ ਗਿਆ। ਇਸ ਮੌਕੇ ਰਾਜਵਿੰਦਰ ਮੀਰ, ਸੁਖਮੰਦਰ ਸਿੰਘ ਚੱਠਾ ਆਦਿ ਹਾਜ਼ਰ ਸਨ।

-ਮਾਮਲਾ 4 ਲੱਖ 10 ਹਜ਼ਾਰ ਦੇ ਚੈੱਕ ਦੀ ਐਂਟਰੀ ਦਾ-

ਕਿਸਾਨਾਂ ਨੇ ਐੱਚ.ਡੀ.ਐੱਫ.ਸੀ. ਬੈਂਕ ਅੱਗੇ ਲਗਾਇਆ ਧਰਨਾ

ਬਰੇਟਾ, 3 ਜਨਵਰੀ (ਪਾਲ ਸਿੰਘ ਮੰਡੇਰ)-ਪਿੰਡ ਕਿਸ਼ਨਗੜ੍ਹ ਦਾ ਕਿਸਾਨ ਸਥਾਨਕ ਐੱਚ.ਡੀ.ਐੱਫ.ਸੀ. ਬੈਂਕ ਵਿਚ ਜਮਾਂ ਕਰਵਾਏ 4 ਲੱਖ 10 ਹਜ਼ਾਰ ਦਾ ਚੈੱਕ ਕਲੀਅਰ ਨਾ ਹੋਣ ਕਾਰਨ ਪ੍ਰੇਸ਼ਾਨੀ ਦੇ ਆਲਮ ਵਿਚੋਂ ਗੁਜ਼ਰ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵਲੋਂ ਐੱਚ.ਡੀ.ਐੱਫ.ਸੀ. ਬੈਂਕ ਬਰੇਟਾ ਸਾਹਮਣੇ ਧਰਨਾ ਲਗਾਇਆ ਗਿਆ। ਸੰਬੋਧਨ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਆਗੂ ਜੋਗਿੰਦਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਜੁਗਰਾਜ ਸਿੰਘ ਵਾਸੀ ਰਸੂਲਪੁਰ (ਹਰਿਆਣਾ) ਵਲੋਂ ਪਿੰਡ ਕਿਸ਼ਨਗੜ੍ਹ ਦੇ ਕਿਸਾਨ ਨੂੰ ਸੈਂਟਰਲ ਬੈਂਕ ਆਫ਼ ਇੰਡੀਆ ਦਾ 4 ਲੱਖ 10 ਹਜ਼ਾਰ ਰੁਪਏ ਦਾ ਚੈੱਕ ਦਿੱਤਾ ਗਿਆ ਸੀ, ਜਿਸਨੂੰ ਸੁਖਜੀਤ ਸਿੰਘ ਨੇ ਐਚ.ਡੀ.ਐਫ.ਸੀ. ਬੈਂਕ ਦਾ ਖਾਤਾ ਧਾਰਕ ਹੋਣ ਕਾਰਨ ਇਸ ਬੈਂਕ ਵਿਚ 10 ਦਸੰਬਰ ਨੂੰ ਜਮਾਂ ਕਰਵਾਇਆ ਗਿਆ ਤੇ ਕਿਸਾਨ ਨੇ ਬੈਂਕ ਦੇ ਕਈ ਚੱਕਰ ਵੀ ਲਗਾਏ ਪਰ ਪੱਲੇ ਕੁਝ ਵੀ ਨਹੀਂ ਪਿਆ ਤੇ ਸਥਾਨਕ ਬੈਂਕ ਅਧਿਕਾਰੀਆਂ ਨੇ ਕਿਹਾ ਕਿ ਚੈੱਕ ਸੈਂਟਰਲ ਬੈਂਕ ਦਾ ਹੋਣ ਕਾਰਨ ਸਬੰਧਿਤ ਬਰਾਂਚ ਸੰਗਰੂਰ ਵਿਖੇ ਕਲੀਅਰ ਹੋਣ ਲਈ ਗਿਆ ਪਰ ਬਾਦ 'ਚ ਪਤਾ ਲੱਗਿਆ ਕਿ ਇਸ ਚੈੱਕ 'ਤੇ ਸੁਖਜੀਤ ਦਾ ਨਾਂਅ ਕੱਟ ਕੇ ਯੂਅਰ ਸੈਲਫ ਲਿਖ ਕੇ 4 ਲੱਖ 10 ਹਜ਼ਾਰ ਦੀ ਐਂਟਰੀ ਕੋਈ ਹੋਰ ਮਾਰ ਗਿਆ ਹੈ। ਕਿਸਾਨ ਨਾਲ ਇਸ ਵੱਡੀ ਠੱਗੀ ਕਾਰਨ ਜਥੇਬੰਦੀ ਵਲੋਂ ਅਣਮਿਥੇ ਸਮੇਂ ਦਾ ਧਰਨਾ ਲਗਾ ਦਿੱਤਾ ਗਿਆ ਹੈ।

ਐੱਚ.ਡੀ.ਐੱਫ.ਸੀ. ਬਰਾਂਚ ਬਰੇਟਾ ਵਿਖੇ ਧਰਨੇ ਨੂੰ ਸੰਬੋਧਨ ਕਰਦਾ ਹੋਏ ਜੋਗਿੰਦਰ ਸਿੰਘ ਦਿਆਲਪੁਰਾ। ਤਸਵੀਰ : ਪਾਲ ਸਿੰਘ ਮੰਡੇਰ

ਸਾਡੇ ਕਲੀਰਿੰਗ ਸਿਸਟਮ ਵੱਖਰਾ ਹੈ-ਬਰਾਂਚ ਮੈਨੇਜਰ

ਇਸਸਬੰਧੀ ਜਦੋਂ ਸਥਾਨਕ ਬਰਾਂਚ ਮੈਨੇਜਰ ਰਾਜਵਿੰਦਰ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸਾਡੇ ਕਲੀਰਿੰਗ ਸਿਸਟਮ ਵੱਖਰਾ ਹੈ ਤੇ ਸਬੰਧਿਤ ਬੈਂਕ ਕਰਮਚਾਰੀਆਂ ਦੀ ਇਹ ਜ਼ਿੰਮੇਵਾਰੀ ਹੈ ਪਰ ਫਿਰ ਵੀ ਬੈਂਕ ਕਰਮਚਾਰੀਆਂ ਦੀ ਮਿਲੀਭੁਗਤ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਖ਼ਬਰ ਲਿਖੇ ਜਾਣ ਤੱਕ ਧਰਨਾ ਜਾਰੀ ਸੀ।

ਮਾਨਸਾ ਤੇ ਸਰਦੂਲਗੜ੍ਹ ਵਿਖੇ ਬੱਚਿਆਂ ਨੂੰ ਟੀਕਾਕਰਨ ਕਰਦੇ ਹੋਏ ਸਿਹਤ ਕਰਮਚਾਰੀ। ਅਜੀਤ ਤਸਵੀਰਾਂ

ਜ਼ਿਲ੍ਹੇ 'ਚ 15 ਤੋਂ 18 ਸਾਲ ਉਮਰ ਵਰਗ ਲਈ ਕੋਵਿਡ ਟੀਕਾਕਰਨ ਮੁਹਿੰਮ ਸ਼ੁਰੂ

ਮਾਨਸਾ, 3 ਜਨਵਰੀ (ਬਲਵਿੰਦਰ ਸਿੰਘ ਧਾਲੀਵਾਲ)-ਜ਼ਿਲ੍ਹੇ 'ਚ 15 ਤੋਂ 18 ਸਾਲ ਤੱਕ ਦੇ ਉਮਰ ਵਰਗ ਲਈ ਟੀਕਾਕਰਨ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਸਥਾਨਕ ਸ਼ਹਿਰ 'ਚ ਸਿਵਲ ਸਰਜਨ ਡਾ. ਹਰਜਿੰਦਰ ਸਿੰਘ ਦੀ ਅਗਵਾਈ ਹੇਠ ਨਾਨਕ ਮੱਲ ਧਰਮਸ਼ਾਲਾ ਸ਼ਹਿਰ ਮਾਨਸਾ ਵਿਖੇ ਐੱਸ.ਐੱਮ.ਓ. ਡਾ. ਹਰਚੰਦ ਸਿੰਘ ਨੇ ਬੱਚਿਆਂ ਨੂੰ ਟੀਕਾ ਲਗਾ ਕੇ ਮੁਹਿੰਮ ਦਾ ਆਗਾਜ਼ ਕੀਤਾ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਣਜੀਤ ਸਿੰਘ ਰਾਏ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਕਤ ਉਮਰ ਦੇ ਬੱਚਿਆਂ ਨੂੰ ਟੀਕਾਕਰਨ ਕਰਵਾਉਣ ਲਈ ਬੇਝਿਜਕ ਹੋ ਕੇ ਆਉਣ, ਆਧਾਰ ਕਾਰਡ ਨਾ ਹੋਣ ਦੀ ਸੂਰਤ ਵਿਚ ਸਕੂਲ ਦਾ ਪਹਿਚਾਣ ਪੱਤਰ ਜਾਂ ਜਨਮ ਸਰਟੀਫਿਕੇਟ ਦਿਖਾ ਕੇ ਵੀ ਟੀਕਾਕਰਨ ਕਰਵਾਇਆ ਜਾ ਸਕਦਾ ਹੈ। ਨੋਡਲ ਅਫ਼ਸਰ ਡਾ. ਵਰਣ ਮਿੱਤਲ, ਡਾ. ਰੁਬਲ ਸ਼ਰਮਾ, ਬਾਲਾ ਜੀ ਸੰਘ ਦੇ ਸੁਰਿੰਦਰ ਕੁਮਾਰ ਪਿੰਟਾ, ਸੁਰੇਸ਼ ਕੁਮਾਰ ਕਰੋੜੀ, ਰਮੇਸ਼ ਜਿੰਦਲ, ਪੁਨੀਤ ਕੁਮਾਰ, ਗੁਰਪ੍ਰੀਤ ਸਿੰਘ, ਨਿਰਮਲ ਰਾਣੀ ਐੱਲ.ਐੱਚ.ਵੀ. ਆਦਿ ਹਾਜ਼ਰ ਸਨ।

ਬੁਢਲਾਡਾ ਤੋਂ ਸੁਨੀਲ ਮਨਚੰਦਾ ਅਨੁਸਾਰ-

ਸਬ ਡਵੀਜ਼ਨਲ ਹਸਪਤਾਲ ਬੁਢਲਾਡਾ ਵਿਖੇ ਟੀਕਾਕਰਨ ਮੁਹਿੰਮ ਦੀ ਸ਼ੁਰੂਆਤ ਕਰਨ ਮੌਕੇ ਡਾ. ਗੁਰਚੇਤਨ ਪ੍ਰਕਾਸ਼ ਸੀਨੀਅਰ ਮੈਡੀਕਲ ਅਫ਼ਸਰ ਨੇ ਕਿਹਾ ਕਿ ਕੋਰੋਨਾ ਦੇ ਤੇਜੀ ਨਾਲ ਵੱਧ ਰਹੇ ਮਾਮਲੇ ਅਤਿਅੰਤ ਚਿੰਤਾ ਦਾ ਵਿਸ਼ਾ ਹੈ ਅਤੇ ਇਸ ਦੀ ਰੋਕਥਾਮ ਲਈ ਮਾਸਕ, ਸਮਾਜਕ ਦੂਰੀ, ਸੈਨੇਟਾਈਜੇਸ਼ਨ ਤੋਂ ਇਲਾਵਾ ਵੈਕਸੀਨੇਸ਼ਨ ਜ਼ਰੂਰੀ ਹੈ।

ਸਰਦੂਲਗੜ੍ਹ ਤੋਂ ਪ੍ਰਕਾਸ਼ ਸਿੰਘ ਜ਼ੈਲਦਾਰ ਅਨੁਸਾਰ-

ਕੋਰੋਨਾ ਮਹਾਂਮਾਰੀ ਤੋਂ ਬਚਾਅ ਲਈ ਸਥਾਨਕ ਸਿਵਲ ਹਸਪਤਾਲ ਵਿਖੇ ਬੱਚਿਆਂ ਨੂੰ ਟੀਕੇ ਲਗਾਉਣ ਦੀ ਰਸਮੀ ਸ਼ੁਰੂਆਤ ਕੀਤੀ ਗਈ। ਪਹਿਲੇ ਦਿਨ 5 ਬੱਚਿਆਂ ਨੂੰ ਵੈਕਸੀਨ ਲਗਾਈ ਗਈ। ਸੀਨੀਅਰ ਮੈਡੀਕਲ ਅਫ਼ਸਰ ਡਾ. ਵੇਦ ਪ੍ਰਕਾਸ਼ ਸੰਧੂ ਨੇ ਦੱਸਿਆ ਕਿ ਬੱਚਿਆਂ ਲਈ ਹਸਪਤਾਲ ਵਿਚ ਹਰ ਦਿਨ ਟੀਕਾਕਰਨ ਹੋਵੇਗਾ। ਬਲਾਕ ਐਜੂਕੇਟਰ ਤਰਲੋਕ ਸਿੰਘ, ਚੀਫ਼ ਫਾਰਮੇਸੀ ਅਫ਼ਸਰ ਸ਼ਿਵਜੀ ਕੁਮਾਰ, ਅਰਵਿੰਦਰ ਸਿੰਘ, ਸਰਬਜੀਤ ਕੌਰ, ਪ੍ਰਦੀਪ ਕੁਮਾਰ ਕਾਕਾ ਉੱਪਲ, ਖ਼ੁਸ਼ੀ ਰਾਮ ਹਾਜ਼ਰ ਸਨ।

ਮੂਸਾ ਦਾ ਸੇਵਾ ਕੇਂਦਰ ਨਾ ਚਾਲੂ ਕਰਨ 'ਤੇ ਰੋਸ ਪ੍ਰਗਟ ਕੀਤਾ

ਮਾਨਸਾ, 3 ਜਨਵਰੀ (ਵਿਸ਼ੇਸ਼ ਪ੍ਰਤੀਨਿਧ)-ਨੇੜਲੇ ਪਿੰਡ ਮੂਸਾ ਵਿਖੇ ਬੰਦ ਪਏ ਸੇਵਾ ਕੇਂਦਰ ਨੂੰ ਚਾਲੂ ਨਾ ਕਰਨ ਦੇ ਰੋਸ 'ਚ ਜਥੇਬੰਦੀਆਂ ਵਲੋਂ ਨਾਅਰੇਬਾਜ਼ੀ ਕੀਤੀ ਗਈ। ਸੀ.ਪੀ.ਆਈ. (ਐੱਮ.ਐੱਲ.) ਲਿਬਰੇਸ਼ਨ ਦੇ ਤਹਿਸੀਲ ਸਕੱਤਰ ਗੁਰਸੇਵਕ ਸਿੰਘ ਮਾਨਬੀਬੜੀਆਂ ਨੇ ਕਿਹਾ ਕਾਂਗਰਸ ਨੇ ਸੱਤਾ ਵਿਚ ਆਉਂਦਿਆਂ ਹੀ ਪੰਜਾਬ ਦੇ ਪਿੰਡਾਂ ਦੇ ਸੇਵਾ ਕੇਂਦਰ ਬੰਦ ਕਰ ਕੇ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿਚ ਰੁਲਣ ਲਈ ਮਜ਼ਬੂਰ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਇਸ ਕੇਂਦਰ ਦੇ ਚਾਲੂ ਹੋਣ ਨਾਲ 2 ਦਰਜਨ ਦੇ ਕਰੀਬ ਪਿੰਡਾਂ ਨੂੰ ਰਾਹਤ ਮਿਲੇਗੀ। ਇਸ ਮੌਕੇ ਕਿਸਾਨ ਆਗੂ ਬਾਵਾ ਸਿੰਘ ਮੂਸਾ, ਬਲਵਿੰਦਰ ਸਿੰਘ, ਲੀਲਾ ਸਿੰਘ, ਪ੍ਰਗਟ ਸਿੰਘ ਆਦਿ ਹਾਜ਼ਰ ਸਨ।

ਪਿੰਡ ਮੂਸਾ ਦੇ ਬੰਦ ਪਏ ਸੇਵਾ ਕੇਂਦਰ ਕੋਲ ਰੋਸ ਪ੍ਰਗਟ ਕਰਦੇ ਹੋਏ ਜਥੇਬੰਦੀਆਂ ਦੇ ਆਗੂ। ਅਜੀਤ ਤਸਵੀਰ

ਪ੍ਰਧਾਨ ਮੰਤਰੀ ਤੋਂ ਪੰਜਾਬ ਫੇਰੀ ਦੌਰਾਨ ਅਹਿਮ ਐਲਾਨਾਂ ਦੀ ਮੰਗ

ਮਾਨਸਾ, 3 ਜਨਵਰੀ (ਸਟਾਫ਼ ਰਿਪੋਰਟਰ)-ਵਪਾਰ ਮੰਡਲ ਤੇ ਆੜ੍ਹਤੀਆ ਐਸੋਸੀਏਸ਼ਨ ਮਾਨਸਾ ਦੇ ਪ੍ਰਧਾਨ ਮੁਨੀਸ਼ ਬੱਬੀ ਦਾਨੇਵਾਲੀਆ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਮੰਗ ਕੀਤੀ ਹੈ ਕਿ ਪੰਜਾਬ ਫੇਰੀ ਦੌਰਾਨ ਕਿਸਾਨਾਂ, ਮਜ਼ਦੂਰਾਂ ਤੇ ਵਪਾਰੀਆਂ ਨੂੰ ਕੋਈ ਵੱਡਾ ਰਾਹਤ ਪੈਕੇਜ, ਜ਼ਿਲ੍ਹਾ ਮਾਨਸਾ ਨੂੰ ਟੈਕਸ ਮੁਕਤ ਕਰਨ ਤੋਂ ਇਲਾਵਾ ਸਿੱਖਿਆ ਤੇ ਸਿਹਤ ਖੇਤਰ ਵਿਚ ਕੋਈ ਵੱਡਾ ਐਲਾਨ ਕਰਨ। ਉਨ੍ਹਾਂ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਅੱਖੋਂ-ਪਰੋਖੇ ਕੀਤਾ ਅਤੇ ਗਲਤ ਨੀਤੀਆਂ ਦੀ ਬਦੌਲਤ ਸੂਬਾ ਆਰਥਿਕ ਤੌਰ 'ਤੇ ਪੱਛੜ ਗਿਆ ਹੈ, ਜਿਸ ਨੂੰ ਮੁੜ ਤੋਂ ਲੀਹ 'ਤੇ ਲਿਆਉਣ ਦੀ ਲੋੜ ਹੈ। ਖੇਤੀ ਉਦਯੋਗ ਨੂੰ ਆਤਮ ਨਿਰਭਰ ਬਣਾ ਕੇ ਘਾਟੇ ਦੇ ਧੰਦੇ ਵਿਚੋਂ ਕੱਢਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਹਿਮਾਚਲ ਪ੍ਰਦੇਸ਼ ਦਾ ਬੱਦੀ, ਉੱਤਰਾਖੰਡ 'ਚ ਰੁੜਕੀ, ਹਰਿਦੁਆਰ ਅਤੇ ਜੰਮੂ ਟੈਕਸ ਮੁਕਤ ਜੋਨ ਐਲਾਨੇ ਹਨ, ਉਸੇ ਤਰ੍ਹਾਂ ਪੰਜਾਬ ਦੇ ਜ਼ਿਲ੍ਹਾ ਮਾਨਸਾ ਨੂੰ ਟੈਕਸ ਮੁਕਤ ਜ਼ੋਨ ਐਲਾਨਿਆ ਜਾਣਾ ਚਾਹੀਦਾ ਹੈ ਤਾਂ ਜੋ ਇਸ ਜ਼ਿਲ੍ਹੇ ਦੇ ਵਪਾਰੀਆਂ ਅਤੇ ਲੋਕਾਂ ਨੂੰ ਵੱਡੀ ਰਾਹਤ ਮਿਲ ਸਕੇ।

ਮਾਨਸਾ ਨੂੰ ਟੈਕਸ ਮੁਕਤ ਜ਼ਿਲ੍ਹਾ ਐਲਾਨਿਆ ਜਾਵੇ-ਦਾਨੇਵਾਲੀਆ

ਭਾਜਪਾ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨੂੰ ਸੁਖਵਿੰਦਰ ਕੌਰ ਸੁੱਖੀ ਦੀ ਅਗਵਾਈ 'ਚ ਮੰਗ ਪੱਤਰ ਸੌਂਪਦੀਆਂ ਹੋਈਆਂ ਆਸ਼ਾ ਵਰਕਰਾਂ ਤੇ ਫੈਸੀਲੀਟੇਟਰਾਂ। ਅਜੀਤ ਤਸਵੀਰ

ਆਸ਼ਾ ਵਰਕਰਾਂ/ਫੈਸੀਲੀਟੇਟਰਾਂ ਨੇ ਭਾਜਪਾ ਦੇ ਸੂਬਾ ਪ੍ਰਧਾਨ ਰਾਹੀਂ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਭੇਜਿਆ

ਮਾਨਸਾ, 3 ਜਨਵਰੀ (ਬਲਵਿੰਦਰ ਸਿੰਘ ਧਾਲੀਵਾਲ)-ਆਸ਼ਾ ਵਰਕਰਾਂ ਤੇ ਫੈਸੀਲੀਟੇਟਰਾਂ ਦੇ ਸਾਂਝੇ ਮੋਰਚੇ ਵਲੋਂ ਅੱਜ ਸ਼ਾਮ ਇੱਥੇ ਪਹੁੰਚੇ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਰਾਹੀਂ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਭੇਜਿਆ ਗਿਆ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਤੇ ਸੂਬਾ ਸਰਕਾਰਾਂ ਉਨ੍ਹਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੀਆਂ। ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਕੌਰ ਸੁੱਖੀ ਬ